ਸ.ਫ਼ਾ 3 ਦੀਆਂ ਬਾਕੀਆਂ

ਵੀਰ ਬਾਲ ਦਿਵਸ ਸ਼ਰਧਾ ਅਤੇ ਹਿੰਮਤ ਦਾ ਪ੍ਰਤੀਕ : ਮੋਦੀ

ਪ੍ਰਤੀਕ ਸਨ, ਭਾਵਨਾ ਅਤੇ ਕਰਮ ਵਿਚ ਬ੍ਰਹਮ ਅਵਤਾਰ ਸਨ।" ਮੋਦੀ ਨੇ ਕਿਹਾ ਕਿ ਮਾਤਾ ਗੁਜਰੀ ਜੀ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਚਾਰਾਂ ਸਾਹਿਬਜ਼ਾਦਿਆਂ ਦੀ ਹਿੰਮਤ ਅਤੇ ਆਦਰਸ਼ ਹਰ ਭਾਰਤੀ ਨੂੰ ਤਾਕਤ ਦਿੰਦੇ ਹਨ। 9 ਜਨਵਰੀ, 2022 ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਮੌਕੇ ਮੋਦੀ ਨੇ ਐਲਾਨ ਕੀਤਾ ਸੀ ਕਿ 26 ਦਸੰਬਰ ਨੂੰ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਦੀ ਸ਼ਹਾਦਤ ਦੀ ਯਾਦ ਵਿਚ ਵੀਰ ਬਾਲ ਦਿਵਸ ਵਜੋਂ ਮਨਾਇਆ ਜਾਵੇਗਾ, ਜਿਨ੍ਹਾਂ ਦੀ ਬੇਮਿਸਾਲ ਕੁਰਬਾਨੀ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਹੈ।

ਸਰਵਣ ਸਿੰਘ ਦਾ ਬਾਲ ਪੁਰਸਕਾਰ ਨਾਲ ਸਨਮਾਨ

ਅਤੇ ਤੀਬਰ ਤਣਾਅ ਦੇ ਮਾਹੌਲ ਤੋਂ ਪ੍ਰੇਰਿਤ, ਦੇਸ਼ ਭਗਤੀ ਦੇ ਜੋਸ਼ ਨਾਲ ਭਰੇ ਹੋਏ, ਸਰਵਣ ਰੋਜ਼ਾਨਾ ਅਗਲੀਆਂ ਚੌਕੀਆਂ 'ਤੇ ਯਾਤਰਾ ਕਰਦੇ ਸਨ, ਫ਼ੌਜਾਂ ਨੂੰ ਪਾਣੀ, ਦੁੱਧ, ਲੱਸੀ, ਚਾਹ ਅਤੇ ਬਰਫ਼ ਵਰਗੀਆਂ ਜ਼ਰੂਰੀ ਸਪਲਾਈ ਪਹੁੰਚਾਉਂਦੇ ਸਨ। ਦੁਸ਼ਮਣ ਦੀ ਸਿੱਧੀ ਨਿਗਰਾਨੀ ਅਤੇ ਹਮਲੇ ਦੇ ਲਗਾਤਾਰ ਖ਼ਤਰੇ ਦੇ ਬਾਵਜੂਦ, ਉਨ੍ਹਾਂ ਦੇ ਅਡੋਲ ਇਰਾਦੇ ਨੇ ਇਕ ਮਹੱਤਵਪੂਰਨ ਜੀਵਨ ਰੇਖਾ ਵਜੋਂ ਕੰਮ ਕੀਤਾ, ਪਾਣੀ ਦੀ ਸਪਲਾਈ ਪ੍ਰਦਾਨ ਕੀਤੀ ਅਤੇ ਲੰਬੇ ਸਮੇਂ ਤੋਂ ਤਾਇਨਾਤ ਸੈਨਿਕਾਂ ਲਈ ਮਨੋਬਲ ਵਧਾਇਆ। ਇਸ ਲਈ ਸਰਵਣ ਸਿੰਘ ਜਿਸ ਨੂੰ ਪਹਿਲਾਂ ਹੀ ਫ਼ੌਜ ਦੁਆਰਾ ਸਨਮਾਨਤ ਕੀਤਾ ਜਾ ਚੁੱਕਾ ਹੈ ਅਤੇ ਫ਼ੌਜ ਦੁਆਰਾ ਸਿਖਿਆ ਵੀ ਦਿਤੀ ਜਾ ਰਹੀ ਹੈ, ਨੂੰ ਅੱਜ ਵਿਗਿਆਨ ਭਵਨ, ਨਵੀਂ ਦਿੱਲੀ ਵਿਖੇ ਭਾਰਤ ਦੇ ਰਾਸ਼ਟਰਪਤੀ ਦੁਆਰਾ 'ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ' ਨਾਲ ਸਨਮਾਨਤ ਕੀਤਾ ਗਿਆ। ਰਾਸ਼ਟਰਪਤੀ ਦਰੌਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ 'ਚ ਇਕ ਸਮਾਰੋਹ ਦੌਰਾਨ ਬਹਾਦਰੀ, ਸਮਾਜ ਸੇਵਾ, ਵਾਤਾਵਰਣ, ਖੇਡਾਂ, ਕਲਾ ਤੇ ਸਭਿਆਚਾਰ ਅਤੇ ਵਿਗਿਆਨ ਤੇ ਤਕਨਾਲੋਜੀ ਦੇ ਖੇਤਰਾਂ 'ਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ 20 ਬੱਚਿਆਂ ਨੂੰ 'ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ' ਪ੍ਰਦਾਨ ਕੀਤੇ। ਉਨ੍ਹਾਂ ਨੇ ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਨੂੰ ਵਧਾਈ ਦਿਤੀ ਅਤੇ ਕਿਹਾ ਕਿ ਪੁਰਸਕਾਰ ਜੇਤੂ ਬੱਚਿਆਂ ਨੇ ਅਪਣੇ ਪਰਵਾਰਾਂ, ਭਾਈਚਾਰਿਆਂ ਅਤੇ ਪੂਰੇ ਦੇਸ਼ ਦਾ ਮਾਣ ਵਧਾਇਆ ਹੈ। ਰਾਸ਼ਟਰਪਤੀ ਮੁਰਮੂ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਹ ਪੁਰਸਕਾਰ ਦੇਸ਼ ਭਰ ਦੇ ਸਾਰੇ ਬੱਚਿਆਂ ਨੂੰ ਪ੍ਰੇਰਿਤ ਕਰਨਗੇ ਅਤੇ ਕਿਹਾ ਕਿ ਇਹ ਪੁਰਸਕਾਰ ਉਨ੍ਹਾਂ ਨੂੰ ਹੋਰ ਉਤਸ਼ਾਹਿਤ ਕਰਨ ਲਈ ਦਿਤਾ ਗਿਆ ਹੈ। ਉਨ੍ਹਾਂ ਕਿਹਾ, "ਸੱਤ ਸਾਲ ਦੀ ਵਾਕਾ ਲਕਸ਼ਮੀ ਪ੍ਰਗਨਿਕਾ ਵਰਗੇ ਪ੍ਰਤਿਭਾਸ਼ਾਲੀ ਬੱਚਿਆਂ ਕਾਰਨ ਹੀ ਭਾਰਤ ਨੂੰ ਵਿਸ਼ਵ ਪੱਧਰ ਉਤੇ ਸ਼ਤਰੰਜ ਦਾ ਵੱਡਾ ਖਿਡਾਰੀ ਮੰਨਿਆ ਜਾਂਦਾ ਹੈ। ਅਪਣੀ ਬਹਾਦਰੀ ਅਤੇ ਬੁੱਧੀ ਨਾਲ ਦੂਜਿਆਂ ਦੀ ਜਾਨ ਬਚਾਉਣ ਵਾਲੇ ਅਜੈ ਰਾਜ ਅਤੇ ਮੁਹੰਮਦ ਸਿਦਾਨ ਪੀ., ਹਰ ਪ੍ਰਸ਼ੰਸਾ ਦੇ ਹੱਕਦਾਰ ਹਨ।" ਉਨ੍ਹਾਂ ਕਿਹਾ, "9 ਸਾਲ ਦੀ ਬੇਟੀ ਵਯੋਮਾ ਪ੍ਰਿਮਾ ਅਤੇ 11 ਸਾਲ ਦੇ ਬਹਾਦਰ ਬੇਟੇ ਕਮਲੇਸ਼ ਕੁਮਾਰ ਨੇ ਅਪਣੀ ਹਿੰਮਤ ਨਾਲ ਦੂਜਿਆਂ ਦੀ ਜਾਨ ਬਚਾਉਂਦੇ ਹੋਏ ਅਪਣੀ ਜਾਨ ਗੁਆ ਦਿਤੀ। ਜਦਕਿ ਦਿਵਿਯਾਂਗ ਬੇਟੀ ਸ਼ਿਵਾਨੀ ਹੌਸੂਰ ਉੱਪਾਰਾ ਨੇ ਆਰਥਕ ਅਤੇ ਸਰੀਰਕ ਸੀਮਾਵਾਂ ਨੂੰ ਪਾਰ ਕਰਦੇ ਹੋਏ ਖੇਡ ਜਗਤ ਵਿਚ ਅਸਾਧਾਰਣ ਪ੍ਰਾਪਤੀਆਂ ਹਾਸਲ ਕੀਤੀਆਂ ਹਨ।" ਮਹਿਲਾ ਅਤੇ ਬਾਲ ਵਿਕਾਸ ਮੰਤਰੀ ਅੰਨਪੂਰਣਾ ਦੇਵੀ ਨੇ ਕਿਹਾ ਕਿ ਜਿਨ੍ਹਾਂ ਬੱਚਿਆਂ ਨੂੰ ਪੁਰਸਕਾਰ ਮਿਲੇ ਹਨ, ਉਨ੍ਹਾਂ ਨੇ ਸਾਬਤ ਕਰ ਦਿਤਾ ਹੈ ਕਿ ਆਤਮ-ਵਿਸ਼ਵਾਸ ਅਤੇ ਸਮਰਪਣ ਨਾਲ ਸਰੋਤਾਂ ਦੀ ਘਾਟ ਨੂੰ ਦੂਰ ਕੀਤਾ ਜਾ ਸਕਦਾ ਹੈ। ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਇਕ ਵੱਕਾਰੀ ਕੌਮੀ ਸਨਮਾਨ ਹੈ ਜੋ ਭਾਰਤ ਸਰਕਾਰ ਵਲੋਂ ਹਰ ਸਾਲ ਬੱਚਿਆਂ ਨੂੰ ਬਹਾਦਰੀ, ਕਲਾ ਅਤੇ ਸਭਿਆਚਾਰ, ਵਾਤਾਵਰਣ, ਸਮਾਜ ਸੇਵਾ, ਵਿਗਿਆਨ ਅਤੇ ਟੈਕਨੋਲੋਜੀ ਅਤੇ ਖੇਡਾਂ ਵਿਚ ਬੇਮਿਸਾਲ ਯੋਗਦਾਨ ਲਈ ਦਿਤਾ ਜਾਂਦਾ ਹੈ। 2025 ਵਿਚ ਇਸ ਸਨਮਾਨ ਲਈ 18 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 20 ਬੱਚਿਆਂ ਦੀ ਚੋਣ ਕੀਤੀ ਗਈ ਹੈ। (ਪੀਟੀਆਈ)

ਬੰਗਲਾਦੇਸ਼ ਵਿਚ ਘੱਟ-ਗਿਣਤੀਆਂ ਉਪਰ ਹਮਲਿਆਂ ਉਤੇ ਭਾਰਤ ਨੇ ਚਿੰਤਾ ਪ੍ਰਗਟਾਈ

ਸਾਹਮਣੇ ਆਇਆ ਸੀ ਜਿਸ ਵਿਚ ਦੋਵੇਂ ਲੰਡਨ ਵਿਖੇ ਇਕ ਪਾਰਟੀ ਵਿਚ ਇਹ ਕਹਿੰਦੇ ਨਜ਼ਰ ਆ ਰਹੇ ਹਨ, "ਅਸੀਂ ਦੋ ਭਰੌੜੇ ਹਾਂ, ਭਾਰਤ ਦੇ ਸਭ ਤੋਂ ਵੱਡੇ ਭਰੌੜੇ।

ਐਚ- 1 ਬੀ ਵੀਜ਼ਾ ਨੂੰ ਲੈ ਕੇ ਵਧਦੀਆਂ ਚਿੰਤਾਵਾਂ : ਜੈਸਵਾਲ ਨੇ ਕਿਹਾ ਕਿ ਸਰਕਾਰ ਨੂੰ ਐਚ-1 ਬੀ ਵੀਜ਼ਾ ਇੰਟਰਵਿਊਜ਼ ਰੱਦ ਜਾਂ ਮੁਲਤਵੀ ਹੋਣ ਸਬੰਧੀ ਕਈ ਸ਼ਿਕਾਇਤਾਂ ਮਿਲੀਆਂ ਹਨ। ਜਿਸ ਕਾਰਨ ਵੱਡੀ ਗਿਣਤੀ ਵਿਚ ਭਾਰਤੀ ਨਾਗਰਿਕ ਲੰਬੇ ਸਮੇਂ ਤੋਂ ਵਿਦੇਸ਼ਾਂ ਵਿਚ ਫਸੇ ਹੋਏ ਹਨ, ਜਿਸ ਨਾਲ ਉਨ੍ਹਾਂ ਦੇ ਪਰਿਵਾਰਾਂ ਅਤੇ ਬੱਚਿਆਂ ਦੀ ਸਿੱਖਿਆ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਬੁਲਾਰੇ ਨੇ ਕਿਹਾ ਕਿ ਵੀਜ਼ਾ ਨਾਲ ਸਬੰਧਤ ਮੁੱਦੇ ਕਿਸੇ ਵੀ ਦੇਸ਼ ਦੇ ਪ੍ਰਭੂਸੱਤਾ ਅਧਿਕਾਰ ਖੇਤਰ ਵਿਚ ਆਉਂਦੇ ਹਨ, ਪਰ ਭਾਰਤ ਨੇ ਨਵੀਂ ਦਿੱਲੀ ਅਤੇ ਵਾਸ਼ਿੰਗਟਨ, ਡੀ.ਸੀ. ਦੋਵਾਂ ਥਾਵਾਂ 'ਤੇ ਅਪਣੀਆਂ ਚਿੰਤਾਵਾਂ ਜ਼ਾਹਰ ਕੀਤੀਆਂ ਹਨ। ਇਨ੍ਹਾਂ ਮੁਸ਼ਕਲਾਂ ਦੇ ਹੱਲ ਲਈ ਅਮਰੀਕੀ ਅਧਿਕਾਰੀਆਂ ਨਾਲ ਲਗਾਤਾਰ ਗੱਲਬਾਤ ਚੱਲ ਰਹੀ ਹੈ।

ਆਸਟਰੇਲੀਆ ਅੱਤਵਾਦੀ ਘਟਨਾ ਦੀ ਨਿਗਰਾਨੀ: ਰਣਧੀਰ ਜੈਸਵਾਲ ਨੇ ਆਸਟਰੇਲੀਆ ਦੇ ਬੌਂਡੀ ਬੀਚ ਵਿਚ ਹੋਈ ਅੱਤਵਾਦੀ ਘਟਨਾ 'ਤੇ ਪ੍ਰਤੀਕਿਰਿਆ ਦਿੱਤੀ। ਉਨ੍ਹਾਂ ਕਿਹਾ ਕਿ ਭਾਰਤ ਇਸ ਹਮਲੇ ਲਈ ਜ਼ਿੰਮੇਵਾਰ ਲੋਕਾਂ ਦੀਆਂ ਗਤੀਵਿਧੀਆਂ ਤੋਂ ਜਾਣੂ ਹੈ ਅਤੇ ਇਸ ਮਾਮਲੇ ਸਬੰਧੀ ਸਬੰਧਤ ਵਿਦੇਸ਼ੀ ਏਜੰਸੀਆਂ ਦੇ ਸੰਪਰਕ ਵਿਚ ਹੈ।

ਕੈਨੇਡਾ ਵਿਚ ਭਾਰਤੀ ਵਿਦਿਆਰਥੀ ਦੀ ਮੌਤ : ਵਿਦੇਸ਼ ਮੰਤਰਾਲੇ ਨੇ ਕੈਨੇਡਾ ਵਿਚ ਭਾਰਤੀ ਵਿਦਿਆਰਥੀ ਦੀ ਮੌਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਰਣਧੀਰ ਜੈਸਵਾਲ ਨੇ ਕਿਹਾ ਕਿ ਸਰਕਾਰ ਮ੍ਰਿਤਕ ਵਿਦਿਆਰਥੀ ਦੇ ਪਰਵਾਰ ਨਾਲ ਸੰਪਰਕ ਵਿਚ ਹੈ। ਭਾਰਤੀ ਦੂਤਾਵਾਸ ਪਰਵਾਰ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਿਹਾ ਹੈ।

ਸ਼ਹੀਦੀ ਸਭਾ ਮੌਕੇ ਭਗਵੰਤ ਮਾਨ ਨੇ ਗੁਰਦਵਾਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ

ਵਰਤਾਰਾ ਹੈ। ਉਨ੍ਹਾਂ ਕਿਹਾ ਕਿ ਸ਼ਹੀਦੀ ਸਭਾ ਦੌਰਾਨ ਕਰੀਬ 50 ਲੱਖ ਸ਼ਰਧਾਲੂ ਫ਼ਤਿਹਗੜ੍ਹ ਸਾਹਿਬ ਪਹੁੰਚ ਕੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕਰਨਗੇ। ਗੁਰੂ ਘਰ ਵਿਚ ਮੱਥਾ ਟੇਕਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮਹਾਨ ਕੁਰਬਾਨੀਆਂ ਵਿਸ਼ਵ ਭਰ ਦੇ ਮਨੁੱਖਤਾ ਦੇ ਇਤਿਹਾਸ ਵਿਚ ਬੇਮਿਸਾਲ ਹਨ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਬਰ, ਜ਼ੁਲਮ ਅਤੇ ਅਨਿਆਂ ਵਿਰੁਧ ਲੜਨ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ। ਉਨ੍ਹਾਂ ਕਿਹਾ ਕਿ ਇਸ ਖਿੱਤੇ ਦੀ ਇਕ-ਇਕ ਇੰਚ ਜ਼ਮੀਨ ਬਹੁਤ ਪਵਿੱਤਰ ਹੈ ਜਿਸ ਕਾਰਨ ਲੋਕ ਵੱਡੀ ਗਿਣਤੀ ਵਿਚ ਇਸ ਪਾਵਨ ਅਸਥਾਨ 'ਤੇ ਮੱਥਾ ਟੇਕਣ ਲਈ ਆਉਂਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪਵਿੱਤਰ ਧਰਤੀ ਨਾ ਸਿਰਫ਼ ਸਿੱਖਾਂ ਲਈ, ਸਗੋਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਹੈ। ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਦੀ ਮਹਾਨ ਕੁਰਬਾਨੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਵਲੋਂ ਜ਼ਮੀਰ ਦੀ ਆਵਾਜ਼ ਅਨੁਸਾਰ ਧਰਮ ਅਪਨਾਉਣ ਦੇ ਮਨੁੱਖੀ ਹੱਕ ਦੀ ਰਾਖੀ ਲਈ ਕੀਤੀ ਗਈ ਲਾਸਾਨੀ ਕੁਰਬਾਨੀ ਮਨੁੱਖੀ ਇਤਿਹਾਸ ਵਿਚ ਲਾਮਿਸਾਲ ਘਟਨਾ ਹੈ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਵਿਚ ਇਸ ਕੁਰਬਾਨੀ ਨੂੰ 'ਨਿੱਕੀਆ ਜਿੰਦਾਂ' ਦੇ 'ਵੱਡੇ ਸਾਕੇ' ਦੇ ਨਾਂ ਨਾਲ ਯਾਦ ਕੀਤਾ ਜਾਂਦਾ ਹੈ। ਇਸ ਸਾਕੇ ਨੂੰ ਵਾਪਰਿਆਂ ਭਾਵੇਂ ਤਿੰਨ ਸਦੀਆਂ ਤੋਂ ਵਧੇਰੇ ਅਰਸਾ ਬੀਤ ਗਿਆ ਹੈ, ਪਰ ਸਮੁੱਚੇ ਸਿੱਖ ਜਗਤ ਵਲੋਂ ਇਸ ਦੀ ਪੀੜ ਅੱਜ ਵੀ ਬੜੀ ਸ਼ਿੱਦਤ ਨਾਲ ਮਹਿਸੂਸ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਪ੍ਰਮਾਤਮਾ ਅੱਗੇ ਪੰਜਾਬ ਦੀ ਚੜ੍ਹਦੀ ਕਲਾ, ਸਦਭਾਵਨਾ, ਸਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਕਦਰਾਂ-ਕੀਮਤਾਂ ਹੋਰ ਮਜ਼ਬੂਤ ਕਰਨ ਦੀ ਅਰਦਾਸ ਕੀਤੀ ਹੈ।

ਸਾਹਿਬਜ਼ਾਦਿਆਂ ਦੀ ਕੁਰਬਾਨੀ ਨੂੰ ਕਿਸੇ ਦਿਵਸ ਨਾਲ ਨਹੀਂ ਜੋੜਿਆ ਜਾ ਸਕਦੈ

ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਦਿਹਾੜੇ ਨੂੰ ਵੀਰ ਬਾਲ ਦਿਵਸ ਦਾ ਨਾਮ ਦੇਣ ਬਾਰੇ ਉਠੇ ਵਿਵਾਦ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਜਦੋਂ ਇਹ ਨਾਮ ਰੱਖਣ ਦਾ ਫ਼ੈਸਲਾ ਲਿਆ ਸੀ ਤਾਂ ਸ਼੍ਰੋਮਣੀ ਅਕਾਲੀ ਦਲ ਨੇ ਬਕਾਇਦਾ ਟਵੀਟ ਕਰ ਕੇ ਇਸ ਦਾ ਸਮਰਥਨ ਕੀਤਾ ਸੀ ਪਰ ਸੰਗਤ ਦੇ ਰੋਹ ਹੋਣ ਕਾਰਨ ਇਸ ਤੋਂ ਪਾਸਾ ਵੱਟਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ, "ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਨੂੰ ਸ਼ਬਦਾਂ ਵਿਚ ਬਿਆਨ ਨਹੀਂ ਕੀਤਾ ਜਾ ਸਕਦਾ ਅਤੇ ਨਾ ਹੀ ਕਿਸੇ ਦਿਵਸ ਨਾਲ ਜੋੜਿਆ ਜਾ ਸਕਦਾ ਹੈ। ਅਕਾਲੀ ਦਲ ਦਾ ਬਿਆਨਬਾਜ਼ੀ ਤੋਂ ਮੁਕਰਨਾ ਸਿੱਧ ਕਰਦਾ ਹੈ ਕਿ ਇਹ ਪਾਰਟੀ ਧਰਮ ਜਾਂ ਵਿਰਸੇ ਪ੍ਰਤੀ ਸੂੰਜੀਦਾ ਨਹੀਂ ਹੈ।"

'ਪਾਪਾ, ਮੈਂ ਹੁਣ ਦਰਦ ਨਹੀਂ ਸਹਾਰ ਸਕਦਾ'

ਕੁਮਾਰ ਨੇ ਕਿਹਾ ਕਿ ਜਿਉਂ-ਜਿਉਂ ਸਮਾਂ ਬੀਤਦਾ ਗਿਆ, ਨਰਸਾਂ ਨੇ ਪ੍ਰਸ਼ਾਂਤ ਦਾ ਬਲੱਡ ਪ੍ਰੈਸ਼ਰ ਚੈੱਕ ਕੀਤਾ। ਇਹ ਵਧਦਾ ਹੀ ਜਾ ਰਿਹਾ ਸੀ। ਪ੍ਰਸ਼ਾਂਤ ਨੂੰ ਅੱਠ ਘੰਟੇ ਤੋਂ ਵੱਧ ਸਮਾਂ ਬਾਅਦ ਇਲਾਜ ਦੇ ਖੇਤਰ ਵਿਚ ਬੁਲਾਇਆ ਗਿਆ। ਕੁਮਾਰ ਨੇ ਕਿਹਾ, "ਸ਼ਾਇਦ 10 ਸਕਿੰਟ ਬੈਠਣ ਤੋਂ ਬਾਅਦ, ਉਸ ਨੇ ਮੇਰੇ ਵਲ ਵੇਖਿਆ, ਉਹ ਉੱਠਿਆ ਅਤੇ ਅਪਣੀ ਛਾਤੀ ਉਤੇ ਅਪਣਾ ਹੱਥ ਰੱਖਿਆ ਅਤੇ ਡਿੱਗ ਗਿਆ।" ਨਰਸਾਂ ਨੇ ਮਦਦ ਲਈ ਬੁਲਾਇਆ ਪਰ ਬਹੁਤ ਦੇਰ ਹੋ ਚੁਕੀ ਸੀ। ਰੀਪੋਰਟ 'ਚ ਕਿਹਾ ਗਿਆ ਹੈ ਕਿ ਪ੍ਰਸ਼ਾਂਤ ਦੀ ਮੌਤ ਦਿਲ ਦਾ ਦੌਰਾ ਪੈਣ ਕਾਰਨ ਹੋਈ ਹੈ। ਪ੍ਰਸ਼ਾਂਤ ਅਪਣੇ ਪਿੱਛੇ ਪਤਨੀ ਅਤੇ ਤਿੰਨ ਬੱਚਿਆਂ ਨੂੰ ਛੱਡ ਗਿਆ ਹੈ, ਜਿਨ੍ਹਾਂ ਦੀ ਉਮਰ ਤਿੰਨ, 10 ਅਤੇ 14 ਸਾਲ ਹੈ। ਪਰਵਾਰ ਅਤੇ ਦੋਸਤ ਇਸ ਬਾਰੇ ਜਵਾਬ ਚਾਹੁੰਦੇ ਹਨ ਕਿ ਛਾਤੀ ਵਿਚ ਗੰਭੀਰ ਦਰਦ ਵਾਲੇ ਵਿਅਕਤੀ ਦਾ ਛੇਤੀ ਇਲਾਜ ਕਿਉਂ ਨਹੀਂ ਕੀਤਾ ਗਿਆ।

ਸ.ਫ਼ਾ 5 ਦੀਆਂ ਬਾਕੀਆਂ

ਮਨਰੇਗਾ 'ਚ ਬਦਲਾਅ ਵਿਰੁਧ ਪੰਜਾਬ ਭਰ ਵਿਚ ਖੇਤ ਮਜ਼ਦੂਰ ਸੜਕਾਂ ਉਤੇ ਉਤਰੇ

ਸਿੰਘ ਸੇਲਵਰਾ, ਬਿੱਕਰ ਸਿੰਘ ਹਥੋਆ, ਜੋਰਾ ਸਿੰਘ ਨਸਰਾਲੀ, ਤਰਸੇਮ ਪੀਟਰ ਆਦਿ ਆਗੂਆਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਆਖਿਆ ਕਿ ਕੇਂਦਰ ਸਰਕਾਰ ਮਨਰੇਗਾ ਨੂੰ ਖ਼ਤਮ ਕਰ ਕੇ ਪੇਂਡੂ ਤੇ ਖੇਤ ਮਜ਼ਦੂਰਾਂ ਨਾਲ ਧਰੋਹ ਕਮਾ ਰਹੀ ਹੈ। ਉਨ੍ਹਾਂ ਆਖਿਆ ਕਿ ਪ੍ਰਧਾਨ ਮੰਤਰੀ ਦੇਸ਼ 'ਚੋਂ ਗ਼ੁਲਾਮੀ ਦੀਆਂ ਨਿਸ਼ਾਨੀਆਂ ਖ਼ਤਮ ਕਰਨ ਅਤੇ ਵਿਕਾਸ ਦੇ ਭਰਮਾਊ ਨਾਹਰੇ ਦੁਆਲੇ ਕਿਰਤੀ ਲੋਕਾਂ ਦੇ ਹਿਤਾਂ ਦੀ ਨਾਮਾਤਰ ਸੁਰੱਖਿਆ ਕਰਦੇ ਨਿਯਮਾਂ-ਕਾਨੂੰਨਾਂ ਨੂੰ ਸੋਧਣ ਤੇ ਬਦਲਣ ਰਾਹੀਂ ਸਾਮਰਾਜੀ ਮੁਲਕਾਂ, ਕਾਰਪੋਰੇਟ ਘਰਾਣਿਆਂ ਤੇ ਜਗੀਰਦਾਰ ਜਮਾਤ ਦੇ ਹਿਤਾਂ ਦੀ ਰਾਖੀ ਕਰ ਰਹੀ ਹੈ। ਉਨ੍ਹਾਂ ਆਖਿਆ ਕਿ ਨਵੇਂ ਕਾਨੂੰਨ ਵੀ ਬੀ ਜੀ ਰਾਮ ਜੀ ਰਾਹੀਂ ਮਨਰੇਗਾ 'ਚ ਕੰਮ ਦੇ ਅਧਿਕਾਰ ਨੂੰ ਖ਼ਤਮ ਕਰ ਕੇ ਇਸ ਨੂੰ ਕੇਂਦਰ ਸਰਕਾਰ ਦੀ ਮਰਜ਼ੀ ਦਾ ਮੁਥਾਜ ਬਣਾ ਦਿਤਾ ਹੈ। 6 ਤੇ 7 ਜਨਵਰੀ ਨੂੰ ਡੀ ਸੀ ਦਫ਼ਤਰਾਂ ਅੱਗੇ ਧਰਨੇ ਦੇਣ ਦਾ ਵੀ ਐਲਾਨ ਕੀਤਾ ਗਿਆ।

ਪੰਜਾਬ ਦੀਆਂ ਕਿਸਾਨ ਜਥੇਬੰਦੀਆਂ 16 ਜਨਵਰੀ ਤੋਂ ਕੇਂਦਰ ਸਰਕਾਰ ਵਿਰੁਧ ਸੰਘਰਸ਼ ਵਿੱਢਣਗੀਆਂ

'ਪੰਚਾਇਤ ਨਿਰਣੈ' ਨਾਮੀ ਐਪ ਤੇ ਸ਼ੇਅਰ ਕਰਨ ਲਈ ਕਿਹਾ ਗਿਆ ਹੈ। ਇਹ ਲੋਕਾਂ, ਪੰਚਾਇਤਾਂ ਅਤੇ ਸੂਬਾ ਸਰਕਾਰਾਂ ਦੇ ਬੋਲਣ ਦੇ ਹੱਕ ਵਿਰੁਧ ਸਿੱਧਾ ਧੱਕਾ ਹੈ। ਮੋਰਚੇ ਨੇ ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਹੈ ਕਿ 30 ਦਸੰਬਰ ਨੂੰ ਮਗਨਰੇਗਾ ਦੇ ਨਾਲ ਹੀ ਕੇਂਦਰੀ ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ 2025 ਵਿਰੁਧ ਵੀ ਮਤਾ ਪਾਇਆ ਜਾਵੇ। ਮੀਟਿੰਗ ਵਿਚ ਜੋਗਿੰਦਰ ਸਿੰਘ ਉਗਰਾਹਾਂ, ਡਾਕਟਰ ਦਰਸ਼ਨ ਪਾਲ, ਰਜਿੰਦਰ ਸਿੰਘ ਦੀਪ ਸਿੰਘ ਵਾਲਾ, ਹਰਿੰਦਰ ਸਿੰਘ ਲੱਖੋਵਾਲ, ਰੁਲਦੂ ਸਿੰਘ ਮਾਨਸਾ, ਡਾ: ਸਤਿਨਾਮ ਸਿੰਘ ਅਜਨਾਲਾ, ਜੰਗਵੀਰ ਸਿੰਘ ਚੋਹਾਨ ਆਦਿ ਪ੍ਰਮੁੱਖ ਆਗੂ ਸ਼ਾਮਲ ਸਨ।

ਪੰਜਾਬ ਵਿਚ ਠੰਢ ਕੱਢੇਗੀ ਹੋਰ ਵੱਟ, ਤਿੰਨ ਦਿਨਾਂ ਲਈ ਸੀਤ ਲਹਿਰ ਦੀ ਚੇਤਾਵਨੀ

ਰੂਪਨਗਰ, ਪਟਿਆਲਾ ਅਤੇ ਮੋਹਾਲੀ ਵਿਚ ਕੁਝ ਥਾਵਾਂ 'ਤੇ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਹੈ। ਜਦਕਿ ਗੁਰਦਾ